ਨੰ : 12/97/93-5ਸਿ5/8093

ਪੰਜਾਬ ਸਰਕਾਰ
ਸਿਹਤ ਤੇ ਪਰਿਵਾਰ ਭਲਾਈ ਵਿਭਾਗ
(ਸਿਹਤ-5 ਸ਼ਾਖਾ)

ਵੱਲ

ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਡਵੀਜ਼ਨਾਂ ਦੇ ਕਮਿਸ਼ਨਰ,
ਰਜਿਸਟਰਾਰ, ਪੰਜਾਬ ਤੇ ਹਰਿਆਣਾ ਹਾਈ ਕੋਰਟ, ਚੰਡੀਗੜ੍ਹ,
ਡਿਪਟੀ ਕਮਿਸ਼ਨਰਜ਼,
ਜ਼ਿਲ੍ਹਾ ਅਤੇ ਸੈਸ਼ਨ ਜੱਜ, ਉਪ-ਮੰਡਲ ਅਫ਼ਸਰ (ਸਿਵਲ)
ਜ਼ਿਲ੍ਹਿਆਂ ਦੇ ਸਿਵਲ ਸਰਜਨ,
ਪ੍ਰਿੰਸੀਪਲ ਮੈਡੀਕਲ/ਡੈਂਟਲ ਕਾਲਜ, ਅੰਮ੍ਰਿਤਸਰ,
ਫਰੀਦਕੋਟ ਅਤੇ ਪਟਿਆਲਾ ।

ਮਿਤੀ, ਚੰਡੀਗੜ੍ਹ 14 ਮਾਰਚ, 1995

ਵਿਸ਼ਾ : ਪੰਜਾਬ ਸਰਵਿਸਿਜ਼ (ਮੈਡੀਕਲ ਅਟੈਂਡੈਂਸ) ਰੂਲਜ਼-1940-"ਪਰਿਵਾਰ" ਦੀ ਪਰਿਭਾਸ਼ਾ ਬਾਰੇ ।

ਸ਼੍ਰੀਮਾਨ ਜੀ,

ਉਪਰੋਕਤ ਵਿਸ਼ੇ ਤੇ ਮੈਨੂੰ ਆਪ ਦਾ ਧਿਆਨ ਸਰਕਾਰ ਦੇ ਗਸ਼ਤੀ ਪੱਤਰ ਨੰ: 12/97/93-5ਸਿ5/9495 ਮਿਤੀ 17-3-94, ਵੱਲ ਦਿਵਾਉਣ ਦੀ ਹਦਾਇਤ ਹੋਈ ਹੈ, ਜਿਸ ਰਾਹੀਂ ਡਾਕਟਰੀ ਖਰਚੇ ਦੀ ਪ੍ਰਤੀ-ਪੂਰਤੀ ਲਈ "ਪਰਿਵਾਰ" ਦੀ ਪਰਿਭਾਸ਼ਾ ਨਿਸ਼ਚਿਤ ਕੀਤੀ ਗਈ ਸੀ ਅਤੇ ਡਾਕਟਰੀ ਖਰਚੇ ਦੀ ਪ੍ਰਤੀਪੂਰਤੀ ਦੀ ਸੁਵਿਧਾ ਨੂੰ ਭਵਿੱਖ ਵਿੱਚ ਭਰਤੀ ਹੋਣ ਵਾਲੇ ਕਰਮਚਾਰੀਆਂ ਦੇ ਦੋ ਬੱਚਿਆਂ ਤੱਕ ਅਤੇ ਮਾਤਾ ਪਿਤਾ ਤੱਕ ਹੀ ਸੀਮਤ ਰੱਖਣ ਦਾ ਫੈਸਲਾ ਕੀਤਾ ਗਿਆ ਸੀ । ਇਸ ਮਾਮਲੇ ਨੂੰ ਮੁੜ ਵਿਚਾਰਨ ਤੇ ਇਹ ਫੈਸਲਾ ਕੀਤਾ ਗਿਆ ਹੈ ਕਿ ਉਪਰੋਕਤ ਪੱਤਰ ਵਿੱਚ ਦਰਜ "ਪਰਿਵਾਰ" ਦੀ ਪਰਿਭਾਸ਼ਾ ਉਨ੍ਹਾਂ ਮੌਜੂਦਾ ਕਰਮਚਾਰੀਆਂ ਤੇ ਵੀ ਲਾਗੂ ਹੋਵੇਗੀ ਜਿਨ੍ਹਾਂ ਦੇ ਪਰਿਵਾਰਾਂ ਵਿੱਚ ਇਨ੍ਹਾਂ ਹਦਾਇਤਾਂ ਦੇ ਜਾਰੀ ਹੋਣ ਦੀ ਮਿਤੀ ਤੋਂ ਇਕ ਸਾਲ ਉਪਰੰਤ ਪੈਦਾ ਹੋਣ ਵਾਲੇ ਬੱਚੇ/ਬੱਚਿਆਂ ਨਾਲ, ਬੱਚਿਆਂ ਦੀ ਗਿਣਤੀ ਦੋ ਤੋਂ ਵੱਧ ਬੱਚੇ ਹੋ ਜਾਵੇਗੀ ।

2. ਇਹ ਹਦਾਇਤਾਂ ਵਿੱਤ ਵਿਭਾਗ ਵਲੋਂ ਉਨ੍ਹਾਂ ਦੇ ਅੰ.ਵਿ.ਪੱ. ਨੰ :8/142/93-5ਵਿ.ਖ-2/5217, ਮਿਤੀ 20-2-95 ਰਾਹੀਂ ਪ੍ਰਾਪਤ ਹੋਈ ਸਹਿਮਤੀ ਅਨੁਸਾਰ ਜਾਰੀ ਕੀਤੀਆਂ ਜਾਂਦੀਆਂ ਹਨ ।

ਸਹੀ/-
ਵਧੀਕ ਸਕੱਤਰ ਸਿਹਤ